ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਰਾਗੁ ਵਡਹੰਸੁ ਮਹਲਾ ੧ ਘਰੁ ੧ ॥ ਅਮਲੀ ਅਮਲੁ ਨ ਅੰਬੜੈ ਮਛੀ ਨੀਰੁ ਨ ਹੋਇ ॥ ਜੋ ਰਤੇ ਸਹਿ ਆਪਣੈ ਤਿਨ ਭਾਵੈ ਸਭੁ ਕੋਇ ॥ ੧॥ ਹਉ ਵਾਰੀ ਵੰਞਾ ਖੰਨੀਐ ਵੰਞਾ ਤਉ ਸਾਹਿਬ ਕੇ ਨਾਵੈ ॥ ੧॥ ਰਹਾਉ ॥ ਸਾਹਿਬੁ ਸਫਲਿਓ ਰੁਖੜਾ ਅੰਮ੍ਰਿਤੁ ਜਾ ਕਾ ਨਾਉ ॥ ਜਿਨ ਪੀਆ ਤੇ ਤ੍ਰਿਪਤ ਭਏ ਹਉ ਤਿਨ ਬਲਿਹਾਰੈ ਜਾਉ ॥੨॥ ਮੈ ਕੀ ਨਦਰਿ ਨ ਆਵਹੀ ਵਸਹਿ ਹਭੀਆਂ ਨਾਲਿ ॥ ਤਿਖਾ ਤਿਹਾਇਆ ਕਿਉ ਲਹੈ ਜਾ ਸਰ ਭੀਤਰਿ ਪਾਲਿ ॥੩॥ ਨਾਨਕੁ ਤੇਰਾ ਬਾਣੀਆ ਤੂ ਸਾਹਿਬੁ ਮੈ ਰਾਸਿ ॥ ਮਨ ਤੇ ਧੋਖਾ ਤਾ ਲਹੈ ਜਾ ਸਿਫਤਿ ਕਰੀ ਅਰਦਾਸਿ ॥੪॥੧॥ {ਪੰਨਾ 557}

ਪਦਅਰਥ:- ਅਮਲੀ—ਅਫ਼ੀਮੀ, ਆਦਿਕ ਨਸ਼ੇ ਦਾ ਆਦੀ। ਅਮਲੁ—ਅਫ਼ੀਮ (ਆਦਿਕ ਨਸ਼ਾ)। ਅੰਬੜੈ—ਅੱਪੜੇ, ਮਿਲੇ। ਨੀਰੁ—ਪਾਣੀ। ਸਹਿ—ਸਹ ਵਿਚ, ਖਸਮ (ਦੇ ਪਿਆਰ) ਵਿਚ। ਆਪਣੈ ਸਹਿ—ਆਪਣੇ ਖਸਮ ਦੇ ਪ੍ਰੇਮ ਵਿਚ। ਰਤੇ—ਰੰਗੇ ਹੋਏ। ਸਭੁ ਕੋਇ—ਹਰੇਕ ਜੀਵ।1।

ਹਉ—ਮੈਂ। ਵਾਰੀ ਵੰਞਾ—ਮੈਂ ਸਦਕੇ ਜਾਂਦਾ ਹਾਂ। ਖੰਨੀਐ ਵੰਞਾ—ਟੋਟੇ ਟੋਏ ਹੁੰਦਾ ਹਾਂ, ਕੁਰਬਾਨ ਹੁੰਦਾ ਹਾਂ। ਤਉ—ਤੇਰੇ।1। ਰਹਾਉ।

ਸਫਲਿਓ—ਫਲਾਂ ਵਾਲਾ। ਰੁਖੜਾ—ਸੋਹਣਾ ਰੁੱਖ। ਜਾ ਕਾ—ਜਿਸ (ਰੁੱਖ) ਦਾ (ਫਲ)। ਅੰਮ੍ਰਿਤੁ—ਅਟੱਲ, ਆਤਮਕ ਜੀਵਨ ਦੇਣ ਵਾਲਾ (ਰਸ)। ਜਿਨ—ਜਿਨ੍ਹਾਂ ਨੇ {ਲਫ਼ਜ਼ 'ਜਿਨ' ਬਹੁ-ਵਚਨ ਹੈ। ਇਸ ਦਾ ਇਕ-ਵਚਨ 'ਜਿਨਿ' ਹੈ, ਅਰਥ ਹੈ 'ਜਿਸ ਨੇ'}। ਤ੍ਰਿਪਤ ਭਏ—ਰੱਜ ਗਏ।2।

ਮੈ ਕੀ—ਮੈਨੂੰ। ਆਵਹੀ—ਆਵਹਿ, ਤੂੰ ਆਉਂਦਾ। ਹਭਿ—ਸਾਰੇ। ਤਿਹਾਇਆ—ਪਿਆਸਾ। ਸਰ—ਤਾਲਾਬ, ਸਰੋਵਰ। ਪਾਲਿ—ਕੰਧ। ਕਿਉ ਲਹੈ—ਕਿਵੇਂ ਲੱਭੇ? ਨਹੀਂ ਲੱਭ ਸਕਦਾ।3।

ਬਾਣੀਆ—ਵਣਜਾਰਾ। ਮੈ ਰਾਸਿ—ਮੇਰੀ ਪੂੰਜੀ। ਧੋਖਾ—ਸਹਮ। ਲਹੈ—ਦੂਰ ਹੋਵੇ। ਕਰੀ—ਮੈਂ ਕਰਾਂ।4।

ਅਰਥ:- ਹੇ ਮੇਰੇ ਸਾਹਿਬ! ਮੈਂ ਤੇਰੇ ਨਾਮ ਤੋਂ ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ।1। ਰਹਾਉ।

(ਅਫ਼ੀਮੀ ਆਦਿਕ) ਅਮਲੀ ਨੂੰ ਜੇ (ਅਫ਼ੀਮ ਆਦਿਕ) ਅਮਲ (ਨਸ਼ਾ) ਨਾਹ ਮਿਲੇ (ਤਾਂ ਉਹ ਮਰਦਾ ਜਾਂਦਾ ਹੈ), ਜੇ ਮੱਛੀ ਨੂੰ ਪਾਣੀ ਨਾਹ ਮਿਲੇ (ਤਾਂ ਉਹ ਤੜਫ ਪੈਂਦੀ ਹੈ। ਇਸੇ ਤਰ੍ਹਾਂ, ਹੇ ਪ੍ਰਭੂ! ਤੇਰਾ ਨਾਮ ਜਿਨ੍ਹਾਂ ਦੀ ਜ਼ਿੰਦਗੀ ਦਾ ਸਹਾਰਾ ਬਣ ਗਿਆ ਹੈ ਉਹ ਤੇਰੀ ਯਾਦ ਤੋਂ ਬਿਨਾ ਰਹਿ ਨਹੀਂ ਸਕਦੇ, ਉਹਨਾਂ ਨੂੰ ਹੋਰ ਕੁਝ ਭੀ ਚੰਗਾ ਨਹੀਂ ਲੱਗਦਾ)। ਜੋ ਬੰਦੇ ਆਪਣੇ ਖਸਮ-ਪ੍ਰਭੂ ਦੇ ਪਿਆਰ ਵਿਚ ਰੰਗੇ ਹੋਏ ਹਨ (ਉਹ ਅੰਦਰੋਂ ਖਿੜੇ ਰਹਿੰਦੇ ਹਨ) ਉਹਨਾਂ ਨੂੰ ਹਰ ਕੋਈ ਚੰਗਾ ਲਗਦਾ ਹੈ।1।

(ਸਾਡਾ) ਮਾਲਿਕ-ਪ੍ਰਭੂ ਫਲਾਂ ਵਾਲਾ ਇਕ ਸੋਹਣਾ ਰੁੱਖ (ਸਮਝ ਲਵੋ), ਇਸ ਰੁੱਖ ਦਾ ਫਲ ਹੈ ਉਸ ਦਾ ਨਾਮ ਜੋ (ਜੀਵ ਨੂੰ) ਅਟੱਲ ਆਤਮਕ ਜੀਵਨ ਦੇਣ ਵਾਲਾ (ਰਸ) ਹੈ। ਜਿਨ੍ਹਾਂ ਇਹ ਰਸ ਪੀਤਾ ਹੈ ਉਹ (ਮਾਇਕ ਪਦਾਰਥਾਂ ਦੀ ਭੁੱਖ ਤ੍ਰੇਹ ਵਲੋਂ) ਰੱਜ ਜਾਂਦੇ ਹਨ। ਮੈਂ ਉਹਨਾਂ ਤੋਂ ਕੁਰਬਾਨ ਜਾਂਦਾ ਹਾਂ।2।

(ਹੇ ਪ੍ਰਭੂ!) ਤੂੰ ਸਭ ਜੀਵਾਂ ਦੇ ਅੰਗ ਸੰਗ ਵੱਸਦਾ ਹੈਂ, ਪਰ ਤੂੰ ਮੈਨੂੰ ਨਹੀਂ ਦਿੱਸਦਾ। (ਜੀਵ ਦੀ ਇਹ ਕਿਤਨੀ ਅਭਾਗਤਾ ਹੈ ਕਿ ਉਸ ਦੇ ਆਪਣੇ ਅੰਦਰ ਹੀ ਪਾਣੀ ਦਾ ਸਰੋਵਰ ਹੋਵੇ ਤੇ ਉਹ ਪਿਆਸਾ ਤੜਫਦਾ ਫਿਰੇ! ਪਰ) ਤ੍ਰੇਹ ਨਾਲ ਤੜਪ ਰਹੇ ਨੂੰ (ਪਾਣੀ) ਲੱਭੇ ਭੀ ਕਿਵੇਂ, ਜਦੋਂ ਉਸ ਦੇ ਅਤੇ (ਉਸ ਦੇ ਅੰਦਰਲੇ) ਸਰੋਵਰ ਦੇ ਵਿਚਕਾਰ ਕੰਧ ਬਣੀ ਹੋਵੇ? (ਮਾਇਆ ਦੇ ਮੋਹ ਦੀ ਬਣੀ ਕੋਈ ਕੰਧ ਅੰਮ੍ਰਿਤ-ਸਰੋਵਰ ਵਿਚੋਂ ਨਾਮ-ਜਲ ਤਕ ਪਹੁੰਚਣ ਨਹੀਂ ਦੇਂਦੀ)।3।

(ਹੇ ਪ੍ਰਭੂ! ਮੇਹਰ ਕਰ, ਤੇਰਾ ਦਾਸ) ਨਾਨਕ ਤੇਰੇ ਨਾਮ ਦਾ ਵਣਜਾਰਾ ਬਣ ਜਾਏ, ਤੂੰ ਮੇਰਾ ਸ਼ਾਹ ਹੋਵੇਂ ਤੇਰਾ ਨਾਮ ਮੇਰੀ ਪੂੰਜੀ ਬਣੇ। ਮੇਰੇ ਮਨ ਤੋਂ ਦੁਨੀਆ ਵਾਲਾ ਸਹਮ ਤਦੋਂ ਹੀ ਦੂਰ ਹੋ ਸਕਦਾ ਹੈ ਜੇ ਮੈਂ ਸਦਾ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਰਹਾਂ, ਜੇ ਉਸ ਦੇ ਦਰ ਤੇ ਅਰਦਾਸ-ਅਰਜ਼ੋਈ ਕਰਦਾ ਰਹਾਂ।4।1।